# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 07:30

**ਮਿਤੀ :03-09-2026**

***<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>***

- ਭਾਰਤ ਅਤੇ ਬੈਲਜੀਅਮ ਨੇ ਅੱਜ ਵਪਾਰ, ਨਿਵੇਸ਼ ਅਤੇ ਆਰਥਿਕ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਦੁਹਰਾਈ।
- ਰਖਿਆ ਮੰਤਰੀ ਰਾਜਨਾਥ ਸਿੰਘ ਨੇ ਰੱਖਿਆ ਕੂਟਨੀਤੀ 'ਤੇ ‘ਰਕਸ਼ਾ’ ਦਸਤਾਵੇਜ਼, ਜਾਰੀ ਕੀਤਾ.
- ਸੜ੍ਹਕ ਆਵਾਜਾਈ ਅਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੇ ਕਿਹੈ ਕਿ ਭਾਰਤ ਵਿੱਚ ਵਿਸ਼ਵ ਦੀ ਨੰਬਰ ਇੱਕ ਆਟੋਮੋਬਾਈਲ ਸਨਅਤ ਬਣਨ ਦੀ ਸਮਰੱਥਾ ਏ।
- ਸੁਪਰੀਮ ਕੋਰਟ ਨੇ ਕਿਹਾ ਏ ਕਿ ਬਾਰ ਕੌਂਸਲ ਆਫ਼ ਇੰਡੀਆ ਕੋਲ ਲਾਅ ਦੇ ਵਿਦਿਆਰਥੀਆਂ ਦੇ ਆਚਰਣ ਨੂੰ ਨੇਮਬਧ ਕਰਨ ਦੀ ਕੋਈ ਕਾਨੂੰਨੀ ਸ਼ਕਤੀ ਨਹੀਂ ਏ।

- ਔਰਤਾਂ ਦੇ ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ twenty-twenty ਏਸ਼ੀਆ ਕੱਪ ਦੇ ਆਪਣੇ ਦੂਜੇ ਗਰੁੱਪ-'ਏ' ਮੈਚ ਵਿੱਚ, ਹਾਂਗਕਾਂਗ ਨਾਲ .

---------------------------------------------------

ਭਾਰਤ ਅਤੇ ਬੈਲਜੀਅਮ ਨੇ ਅੱਜ ਵਪਾਰ, ਨਿਵੇਸ਼ ਅਤੇ ਆਰਥਿਕ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਦੁਹਰਾਈ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਬੈਲਜੀਅਮ ਦੇ ਪ੍ਰਧਾਨ ਮੰਤਰੀ ਬਾਖ ਡੀ ਵੇਵਰ ਵਿਚਕਾਰ ਗੱਲਬਾਤ ਤੋਂ ਬਾਅਦ ਜਾਰੀ ਕੀਤੇ ਗਏ ਇੱਕ ਸਾਂਝੇ ਬਿਆਨ ਵਿੱਚ, ਦੋਵਾਂ ਆਗੂਆਂ ਨੇ ਦੁਵੱਲੇ ਵਪਾਰ ਵਿੱਚ ਵੱਖ-ਵੱਖ ਖੇਤਰਾਂ ਦੀ ਵੱਧ ਰਹੀ ਹਿੱਸੇਦਾਰੀ ਦਾ ਸਵਾਗਤ ਕੀਤਾ। ਦੋਵਾਂ ਦੇਸ਼ਾਂ ਨੇ ਅਗਲੇ ਪੰਜ ਸਾਲਾਂ ਵਿੱਚ ਦੁਵੱਲੇ ਵਪਾਰ ਨੂੰ ਦੁੱਗਣਾ ਕਰਨ ਦਾ ਇੱਕ ਉਦੇਸ਼ਪੂਰਨ ਟੀਚਾ ਰੱਖਿਆ ਏ । ਉਨ੍ਹਾਂ ਨੇ ਫਾਰਮਾਸਿਊਟੀਕਲ, ਜੀਵਨ ਵਿਗਿਆਨ, ਸੈਮੀਕੰਡਕਟਰ, ਰੱਖਿਆ ਨਿਰਮਾਣ, ਅਹਿਮ ਖਣਿਜ, ਨਵਿਆਉਣਯੋਗ

ਰਜਾ, ਬੰਦਰਗਾਹਾਂ, ਲੌਜਿਸਟਿਕਸ, ਪੁਲਾੜ ਅਤੇ ਅਤਿ – ਆਧੁਨਿਕ ਤਕਨਾਲੋਜੀ ਵਰਗੇ ਖੇਤਰਾਂ ਵਿੱਚ ਸਹਿਯੋਗ ਲਈ ਵਿਸ਼ਾਲ ਸੰਭਾਵਨਾਵਾਂ ਦੀ ਪਛਾਣ ਕੀਤੀ। ਦੋਵਾਂ ਨੇਤਾਵਾਂ ਨੇ

ਭਾਰਤ-ਯੂਰਪੀਅਨ ਯੂਨੀਅਨ ਆਜ਼ਾਦ ਵਪਾਰ ਸਮਝੌਤੇ 'ਤੇ ਗੱਲਬਾਤ ਦੇ ਸਫਲ ਸਿੱਟੇ ਦਾ ਸਵਾਗਤ ਕੀਤਾ ਅਤੇ ਇਸਨੂੰ ਸਮੇਂ ਸਿਰ ਲਾਗੂ ਕਰਨ ਦੀ ਮੰਗ ਕੀਤੀ। ਬੈਲਜੀਅਮ ਨੇ ਦਹਿਸ਼ਤਗਰਦੀ ਵਿਰੁੱਧ ਲੜਾਈ ਵਿੱਚ ਭਾਰਤ ਨਾਲ ਇਕਜੁਟਤਾ ਪ੍ਰਗਟ ਕੀਤੀ ਅਤੇ ਪਹਿਲਗਾਮ ਦਹਿਸ਼ਤਗਰਦ ਹਮਲੇ ਦੀ ਨਿਖੇਧੀ ਕੀਤੀ। ਦੋਵੇਂ ਦੇਸ਼ ਦਹਿਸ਼ਤਗਰਦੀ ਵਿਰੁੱਧ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਦਹਿਸ਼ਤਗਰਦੀ ਵਿਰੋਧੀ ਸਾਂਝੇ ਕਾਰਜ ਸਮੂਹ ਦੀ ਸਥਾਪਨਾ ਦੀ ਸੰਭਾਵਨਾ ਦੀ ਪੜਚੋਲ ਕਰਨ 'ਤੇ ਸਹਿਮਤ ਹੋਏ। ਦੋਵਾਂ ਦੇਸ਼ਾਂ ਨੇ ਰੱਖਿਆ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਇੱਕ ਇਰਾਦਾ ਪੱਤਰ 'ਤੇ ਵੀ ਦਸਤਖਤ ਕੀਤੇ। ਇਸ ਤਹਿਤ, ਨਿਯਮਤ ਵਟਾਂਦਰੇ, ਸਿਖਲਾਈ, ਖੋਜ ਅਤੇ ਰੱਖਿਆ ਸਨਅਤੀ ਭਾਈਵਾਲੀ ਨੂੰ ਉਤਸ਼ਾਹਿਤ ਕੀਤਾ ਜਾਵੇਗਾ । ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਬੈਲਜੀਅਮ ਦੇ ਪ੍ਰਧਾਨ ਮੰਤਰੀ ਬਾਖ ਡੀ ਵੇਵਰ ਨਾਲ ਦੁਵੱਲੀ ਗੱਲਬਾਤ ਕੀਤੀ। ਦੋਵਾਂ ਨੇਤਾਵਾਂ ਨੇ ਦੁਵੱਲੇ ਸਬੰਧਾਂ ਦੇ ਸਾਰੇ ਪਹਿਲੂਆਂ ਅਤੇ ਆਪਸੀ ਹਿੱਤਾਂ ਦੇ ਖੇਤਰੀ ਅਤੇ ਆਲਮੀ ਮੁੱਦਿਆਂ 'ਤੇ ਚਰਚਾ ਕੀਤੀ। ਇੱਕ ਸਾਂਝੀ ਪ੍ਰੈਸ ਕਾਨਫਰੰਸ

ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਦੁਨੀਆ ਇਸ ਸਮੇਂ ਉਥਲ-ਪੁਥਲ ਦੇ ਦੌਰ ਵਿੱਚੋਂ ਲੰਘ ਰਹੀ ਏ । ਇਸ ਦੇ ਬਾਵਜੂਦ, ਭਾਰਤੀ ਅਰਥਵਿਵਸਥਾ ਨੇ ਆਪਣੀ ਗਤੀ ਬਣਾਈ ਰੱਖੀ ਏ – byte – NEW PM GROWTH – 29

ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਬੈਲਜੀਅਮ ਦੇ ਲੰਮੇ ਸਮੇਂ ਤੋਂ ਸਬੰਧ ਨੇ. ਉਨ੍ਹਾਂ ਕਿਹਾ ਕਿ ਪਹਿਲੀ ਆਲਮੀ ਜੰਗ ਦੌਰਾਨ ਬੈਲਜੀਅਮ ਵਿੱਚ ਹਜ਼ਾਰਾਂ ਭਾਰਤੀ ਸੈਨਿਕਾਂ ਦੀ ਹਿੰਮਤ ਅਤੇ ਕੁਰਬਾਨੀ ਦੋਵਾਂ ਦੇਸ਼ਾਂ ਦੀ ਸਾਂਝੀ ਯਾਦ ਦਾ ਇੱਕ ਮਹੱਤਵਪੂਰਨ ਹਿੱਸਾ ਏ । ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਉਹ ਦਸ ਸਾਲ ਪਹਿਲਾਂ ਬੈਲਜੀਅਮ ਗਏ ਸਨ ਅਤੇ ਪਿਛਲੇ ਦਹਾਕੇ ਦੌਰਾਨ ਦੋਵਾਂ ਦੇਸ਼ਾਂ ਵਿਚਕਾਰ ਸਾਂਝੇਦਾਰੀ ਵਿੱਚ ਕਾਫ਼ੀ ਵਾਧਾ ਹੋਇਆ ਏ –

byte – PM ZORAWAR TANK – 27 sec

---------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਭਾਰਤ ਅਤੇ ਬੈਲਜੀਅਮ ਵਿਚਕਾਰ ਨਜ਼ਦੀਕੀ ਅਤੇ ਲੰਮੇ ਸਮੇਂ ਤੋਂ ਚੱਲ ਰਿਹਾ ਸਬੰਧ ਆਪਸੀ ਸਤਿਕਾਰ ਅਤੇ ਲੋਕਤੰਤਰੀ ਕਦਰਾਂ-ਕੀਮਤਾਂ 'ਤੇ

ਅਧਾਰਿਤ ਏ. ਉਨ੍ਹਾਂ ਕਿਹਾ ਕਿ ਦੋਵੇਂ ਦੇਸ਼ ਨੇਮ-ਅਧਾਰਿਤ ਵਿਸ਼ਵ ਵਿਵਸਥਾ ਲਈ ਵਚਨਬੱਧ ਨੇ. ਰੱਖਿਆ ਮੰਤਰੀ ਨੇ ਇਹ ਗੱਲ ਨਵੀਂ ਦਿੱਲੀ ਵਿੱਚ ਬੈਲਜੀਅਮ ਦੇ ਰੱਖਿਆ ਮੰਤਰੀ ਥੀਓ ਫ੍ਰੈਂਕਨ ਨਾਲ ਵਫ਼ਦ-ਪੱਧਰੀ ਗੱਲਬਾਤ ਦੌਰਾਨ ਕਹੀ.

---------------------------------------------------------------------

'ਰੱਖਿਆ' ਮੰਤਰੀ ਰਾਜਨਾਥ ਸਿੰਘ ਵੱਲੋਂ ਰੱਖਿਆ ਕੂਟਨੀਤੀ 'ਤੇ ਆਧਾਰਿਤ ਇੱਕ RAKSHA ਦਸਤਾਵੇਜ਼, ਅੱਜ ਨਵੀਂ ਦਿੱਲੀ ਵਿੱਚ ਜਾਰੀ ਕੀਤਾ ਗਿਆ। ਰੱਖਿਆ ਮੰਤਰਾਲੇ ਨੇ ਕਿਹਾ ਕਿ ਇਹ ਵਿਆਪਕ ਦਸਤਾਵੇਜ਼ ਅਗਲੇ ਦਸ ਸਾਲਾਂ ਲਈ ਵਿਸ਼ਵਵਿਆਪੀ ਰੱਖਿਆ ਭਾਈਵਾਲੀ ਲਈ ਭਾਰਤ ਦੇ ਰਣਨੀਤਕ ਰੋਡਮੈਪ ਅਤੇ ਦ੍ਰਿਸ਼ਟੀਕੋਣ ਦੀ ਰੂਪਰੇਖਾ ਦਿੰਦਾ ਹੈ। ਮੰਤਰਾਲੇ ਨੇ ਕਿਹਾ ਕਿ ਇਹ ਦਸਤਾਵੇਜ਼ ਰਾਸ਼ਟਰੀ ਸੁਰੱਖਿਆ ਉਦੇਸ਼ਾਂ ਨੂੰ ਹਾਸਿਲ ਕਰਨ ਲਈ ਸਰਗਰਮ ਵਿਸ਼ਵਵਿਆਪੀ ਸਹਿਯੋਗ 'ਤੇ ਜ਼ੋਰ ਦਿੰਦਾ ਹੈ, ਲੰਬੇ ਸਮੇਂ ਦੀ ਸਥਿਰਤਾ ਅਤੇ ਆਪਸੀ ਵਿਕਾਸ ਨੂੰ ਉਤਸ਼ਾਹਿਤ ਕਰਦਾ ਹੈ।

ਰਣਨੀਤਕ ਢਾਂਚਾ ਚਾਰ ਮੁੱਖ ਥੰਮ੍ਹਾਂ 'ਤੇ ਕੇਂਦ੍ਰਤ ਕਰਦਾ ਹੈ: ਜਿਨ ਵਿੱਚ ਦੁਵੱਲੇ ਅਤੇ ਬਹੁਪੱਖੀ ਸੁਰੱਖਿਆ ਸਹਿਯੋਗ ਨੂੰ ਮਜ਼ਬੂਤ ਕਰਨਾ, ਸਾਂਝੇ ਫੌਜੀ ਅਭਿਆਸਾਂ, ਸਿਖਲਾਈ ਪ੍ਰੋਗਰਾਮਾਂ

ਰਾਹੀਂ ਸਮਰੱਥਾ ਨਿਰਮਾਣ ਵਧਾਉਣਾ, ਅਤੇ ਦੋਸਤਾਨਾ ਦੇਸ਼ਾਂ ਨਾਲ ਵਧੀਆ ਅਭਿਆਸਾਂ ਨੂੰ ਸਾਂਝਾ ਕਰਨਾ, 'ਮੇਕ ਇਨ ਇੰਡੀਆ' ਪਹਿਲਕਦਮੀ ਦੇ ਤਹਿਤ ਸਵਦੇਸ਼ੀ ਰੱਖਿਆ ਨਿਰਯਾਤ ਨੂੰ ਉਤਸ਼ਾਹਿਤ ਕਰਨਾ, ਅਤੇ ਸਮੁੰਦਰੀ ਸੁਰੱਖਿਆ ਨੂੰ ਮਜ਼ਬੂਤ ਕਰਨਾ।

-----------------------------------------------------

ਸੜ੍ਹਕ ਆਵਾਜਾਈ ਅਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੇ ਅੱਜ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਵਿੱਚ ਨਵੀਨਤਾ, ਗੁਣਵੱਤਾ ਅਤੇ ਮੁਕਾਬਲੇ ਬਾਜ਼ੀ ਵਾਲੀ ਕੀਮਤ ਰਾਹੀਂ ਸੰਚਾਲਿਤ ਵਿਸ਼ਵ ਦੀ ਨੰਬਰ ਇੱਕ ਆਟੋਮੋਬਾਈਲ ਸਨਅਤ ਬਣਨ ਦੀ ਸਮਰੱਥਾ ਏ । ਨਵੀਂ ਦਿੱਲੀ ਵਿੱਚ ਸੋਸਾਇਟੀ ਆਫ ਇੰਡੀਅਨ ਆਟੋਮੋਬਾਈਲ ਮੈਨੂਫੈਕਚਰਜ਼ (SIAM) ਦੇ 66ਵੇਂ ਸਾਲਾਨਾ ਸੰਮੇਲਨ ਨੂੰ ਸੰਬੋਧਨ ਕਰਦਿਆਂ, ਸ਼੍ਰੀ ਗਡਕਰੀ ਨੇ ਕਿਹਾ ਕਿ ਇਹ ਖੇਤਰ, ਜਿਸਦਾ ਮੌਜੂਦਾ ਸਮੇਂ ਵਿੱਚ ਮੁੱਲ 22.75 ਲੱਖ ਕਰੋੜ ਰੁਪਏ ਤੋਂ ਵੱਧ ਏ , ਦੇਸ਼ ਦੇ ਜੀਐਸਟੀ ਸੰਗ੍ਰਹਿ ਵਿੱਚ ਕਰੀਬ 15 ਫੀਸਦੀ ਦਾ ਯੋਗਦਾਨ ਪਾਉਂਦਾ ਏ ਅਤੇ ਕਰੀਬ ਚਾਰ ਕਰੋੜ ਸਿਧੀਆਂ ਅਤੇ ਅਸਿਧੀਆਂ ਨੌਕਰੀਆਂ ਪੈਦਾ ਕਰਦਾ ਏ-

byte –GADKARI SI

ਉਨ੍ਹਾਂ ਨੇ ਇੰਡੀਆ ਨਿਊ ਕਾਰ ਅਸੈਸਮੈਂਟ ਪ੍ਰੋਗਰਾਮ (NCAP) ਨੂੰ ਇੱਕ ਵੱਡੀ ਸਫਲਤਾ ਦੱਸਿਆ । ਸ੍ਰੀ ਗਡਕਰੀ ਨੇ ਕਿਹਾ ਕਿ 11 ਕੰਪਨੀਆਂ ਦੇ 30 ਤੋਂ ਵੱਧ ਵਾਹਨ ਮਾਡਲ ਪਹਿਲਾਂ ਹੀ ਪ੍ਰਮਾਣਿਤ ਹੋ ਚੁੱਕੇ ਨੇ. ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਨੇ ਟੈਸਟਿੰਗ ਲਾਗਤਾਂ ਨੂੰ ਕਾਫ਼ੀ ਘਟਾ ਦਿੱਤਾ ਏ ਅਤੇ ਵਿਸ਼ਵ ਬਾਜ਼ਾਰਾਂ ਵਿੱਚ ਭਾਰਤੀ ਵਾਹਨਾਂ ਦੀ ਭਰੋਸੇਯੋਗਤਾ ਨੂੰ ਮਜ਼ਬੂਤ ਕੀਤਾ ਏ । ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਇੰਡੀਆ NCAP 2.0 ਅਕਤੂਬਰ 2027 ਤੋਂ ਪ੍ਰਭਾਵੀ ਹੋਵੇਗਾ। ਕੇਂਦਰੀ ਮੰਤਰੀ ਨੇ ਕਿਹਾ ਕਿ ਸਰਕਾਰ ਡਰਾਈਵਿੰਗ ਲਾਇਸੈਂਸਾਂ ਲਈ ਇੱਕ ਗ੍ਰੇਡੇਡ ਪੁਆਇੰਟ ਸਿਸਟਮ ਸ਼ੁਰੂ ਕਰਨ ਦੀ ਯੋਜਨਾ ਬਣਾ ਰਹੀ ਏ । ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਤਹਿਤ, ਵਾਰ-ਵਾਰ ਟ੍ਰੈਫਿਕ ਉਲੰਘਣਾਵਾਂ ਲਈ ਲਾਇਸੈਂਸ ਮੁਅੱਤਲ ਜਾਂ ਰੱਦ ਕੀਤੇ ਜਾ ਸਕਦੇ ਨੇ, ਜਦੋਂ ਕਿ ਜ਼ਿੰਮੇਵਾਰ ਡਰਾਈਵਰਾਂ ਨੂੰ ਬੀਮਾ ਅਤੇ ਹੋਰ ਪ੍ਰੋਤਸਾਹਨ ਮਿਲ ਸਕਦੇ ਨੇ. ਉਨ੍ਹਾਂ ਇਹ ਵੀ ਕਿਹਾ ਕਿ ਡਰਾਈਵਰ ਸਿਖਲਾਈ, ਡਰਾਈਵਿੰਗ ਸਿਖਲਾਈ, ਵਾਹਨ ਫਿਟਨੈਸ ਅਤੇ ਸਕ੍ਰੈਪਿੰਗ ਸੈਂਟਰ ਵੀ ਸਥਾਪਤ ਕੀਤੇ ਜਾਣਗੇ। ਮੰਤਰੀ ਨੇ ਬੱਸਾਂ

ਲਈ ਸਖ਼ਤ ਸੁਰੱਖਿਆ ਮਾਪਦੰਡਾਂ ਦਾ ਵੀ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਨਿਰਮਾਤਾਵਾਂ ਦੀ ਮਦਦ ਲਈ ਟੈਸਟਿੰਗ ਫੀਸਾਂ ਘਟਾ ਦਿੱਤੀਆਂ ਗਈਆਂ ਨੇ ਅਤੇ ਪ੍ਰਵਾਨਗੀ ਦੀ ਸਮਾਂ-ਸੀਮਾ ਨੂੰ ਛੋਟਾ ਕਰ ਦਿੱਤਾ ਗਿਆ ਏ।

---------------------------------------------------------

ਸੁਪਰੀਮ ਕੋਰਟ ਨੇ ਕਿਹਾ ਹੈ ਕਿ ਬਾਰ ਕੌਂਸਲ ਆਫ਼ ਇੰਡੀਆ ਕੋਲ ਕਾਨੂੰਨ ਦੇ ਵਿਦਿਆਰਥੀਆਂ ਦੇ ਆਚਰਣ ਨੂੰ ਨਿਯਮਤ ਕਰਨ ਦੀ ਕੋਈ ਕਾਨੂੰਨੀ ਸ਼ਕਤੀ ਨਹੀਂ ਹੈ। ਅਦਾਲਤ ਨੇ ਕਿਹਾ ਕਿ ਵਿਦਿਆਰਥੀਆਂ ਵਿਰੁੱਧ ਕੋਈ ਵੀ ਕਾਰਵਾਈ ਸਿਰਫ਼ ਵਿਦਿਅਕ ਸੰਸਥਾਵਾਂ ਦੁਆਰਾ ਆਪਣੇ ਰੈਗੂਲੇਟਰੀ ਨਿਯਮਾਂ ਅਨੁਸਾਰ ਕੀਤੀ ਜਾ ਸਕਦੀ ਹੈ। ਚੀਫ਼ ਜਸਟਿਸ ਸੂਰਿਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਮੋਹਨਾ ਦੀ ਬੈਂਚ ਨੇ ਇਹ ਹੁਕਮ ਨੈਸ਼ਨਲ ਅਕੈਡਮੀ ਆਫ਼ ਲੀਗਲ ਸਟੱਡੀਜ਼ ਐਂਡ ਰਿਸਰਚ (ਨਾਲਸਰ) ਯੂਨੀਵਰਸਿਟੀ, ਹੈਦਰਾਬਾਦ ਦੇ ਵਿਦਿਆਰਥੀਆਂ ਵਿਰੁੱਧ ਬਾਰ ਕੌਂਸਲ ਆਫ਼ ਇੰਡੀਆ ਦੀ ਕਾਰਵਾਈ ਨਾਲ ਸਬੰਧਤ ਵਿਵਾਦ ਨਾਲ ਸਬੰਧਤ ਇੱਕ ਮਾਮਲੇ ਵਿੱਚ ਜਾਰੀ ਕੀਤਾ। ਵਿਦਿਆਰਥੀਆਂ ਨੇ ਯੂਨੀਵਰਸਿਟੀ ਦੇ ਕਨਵੋਕੇਸ਼ਨ ਵਿੱਚ ਚੀਫ਼

ਜਸਟਿਸ ਦੀ ਪ੍ਰਸਤਾਵਿਤ ਭਾਗੀਦਾਰੀ 'ਤੇ ਇਤਰਾਜ਼ ਜਤਾਇਆ ਸੀ।

ਭਾਰਤ ਦੀ ਬਾਰ ਕੌਂਸਲ ਵੱਲੋਂ ਰਾਜ ਬਾਰ ਕੌਂਸਲ ਨੂੰ ਚੀਫ਼ ਜਸਟਿਸ ਦੀ ਯੂਨੀਵਰਸਿਟੀ ਵਿੱਚ ਪ੍ਰਸਤਾਵਿਤ ਫੇਰੀ ਵਿਰੁੱਧ ਮੁਹਿੰਮ ਨਾਲ ਸਬੰਧਤ ਦੋਸ਼ਾਂ ਦੀ ਜਾਂਚ ਤੱਕ NALSAR 2026 ਗ੍ਰੈਜੂਏਟਾਂ ਨੂੰ ਵਕੀਲਾਂ ਵਜੋਂ ਰਜਿਸਟਰ ਨਾ ਕਰਨ ਦੇ ਹੁਕਮ ਦੇਣ ਤੋਂ ਬਾਅਦ ਵਿਵਾਦ ਖੜ੍ਹਾ ਹੋ ਗਿਆ।

---------------------------------------------------------------------

ਉਪ-ਰਾਸ਼ਟਰਪਤੀ ਅਤੇ ਪੰਜਾਬ ਯੂਨੀਵਰਸਿਟੀ ਦੇ EX OFICIO ਚਾਂਸਲਰ, ਸੀ. ਪੀ. ਰਾਧਾਕ੍ਰਿਸ਼ਨਨ, ਕੱਲ੍ਹ ਚੰਡੀਗੜ੍ਹ ਯੂਨੀਵਰਸਿਟੀ ਦਾ ਦੌਰਾ ਕਰਨਗੇ । ਆਪਣੀ ਯਾਤਰਾ ਦੌਰਾਨ, ਉਪ-ਰਾਸ਼ਟਰਪਤੀ ਸੋਫਿਸਟੀ-ਕੇਟਿਡ ਐਨਾਲਿਟੀਕਲ ਇੰਸਟਰੂ-ਮੈਂਟ ਫੈਸਿਲਿਟੀ / ਸੈਂਟਰਲ ਇੰਸਟਰੂ-ਮੈਂਟੇਸ਼ਨ ਲੈਬਾਰਟਰੀਜ਼ SAIF/CIL ਵਿਖੇ ਐਡਵਾਂਸਡ ਇੰਸਟਰੂ-ਮੈਂਟੇਸ਼ਨ ਫੈਸਿਲਿਟੀ ਦਾ ਉਦਘਾਟਨ ਕਰਨਗੇ । ਉਪ-ਰਾਸ਼ਟਰਪਤੀ ਪੰਜਾਬ ਯੂਨੀਵਰਸਿਟੀ ਟੈਕ ਇਨੋਵੇਸ਼ਨ ਫੋਰਮ ਦਾ ਵੀ ਉਦਘਾਟਨ ਕਰਨਗੇ,

-------------------------------------------------------------------

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਅੱਜ ਨੂਰਪੁਰ ਬੇਦੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਦੇਸ਼ ਅੱਗੇ ਵੱਧ ਰਿਹਾ ਏ ਪਰ ਜਿਵੇਂ ਕਿ ਪੰਜਾਬ ਦੇ ਲੋਕ ਵੇਖ ਰਹੇ ਨੇ ਕਿ ਪੰਜਾਬ ਸਿਆਸੀ ਕਾਰਨਾਂ ਕਰਕੇ ਪਿੱਛੇ ਰਹਿ ਰਿਹਾ ਏ । ਹਰਿਆਣਾ ਵਿੱਚ ਡਬਲ ਇੰਜਨ ਦੀ ਸਰਕਾਰ ਦਾ ਜ਼ਿਕਰ ਕਰਦਿਆਂ ਓਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਵੀ ਡਬਲ ਇੰਜਨ ਦੀ ਸਰਕਾਰ ਬਣੇਗੀ ਅਤੇ ਪੰਜਾਬ ਨੂੰ ਵਿਕਾਸ ਦੀ ਰਾਹ ’ਤੇ ਅੱਗੇ ਲਿਜਾਣ ਦਾ ਕੰਮ ਕੀਤਾ ਜਾਵੇਗਾ –

byte -

-------------------------------------------------------------------

ਔਰਤਾਂ ਦੇ ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ twenty-twenty ਏਸ਼ੀਆ ਕੱਪ ਦੇ ਆਪਣੇ ਦੂਜੇ ਗਰੁੱਪ-'ਏ' ਮੈਚ ਵਿੱਚ, **ਹਾਂਗਕਾਂਗ ਨਾਲ ਹੋ ਰਿਹਾ ਏ । ਹਾਂਗਕਾਂਗ.*ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ ਏ.*** *ਇਹ ਮੈਚ ਸੰਯੁਕਤ ਅਰਬ ਅਮੀਰਾਤ ਦੇ ਦੁਬਈ ਅੰਤਰ-ਰਾਸ਼ਟਰੀ ਸਟੇਡੀਅਮ ਵਿੱਚ ਭਾਰਤੀ ਸਮੇਂ ਅਨੁਸਾਰ, ਰਾਤ 8 ਵਜੇ ਸ਼ੁਰੂ ਹੋਵੇਗਾ।* ਭਾਰਤੀ ਟੀਮ ਨੇ ਐਤਵਾਰ ਨੂੰ, ਥਾਈਲੈਂਡ 'ਤੇ 94 ਦੌੜਾਂ

ਦੀ ਸ਼ਾਨਦਾਰ ਜਿੱਤ ਨਾਲ, ਆਪਣੀ ਮੁਹਿੰਮ ਦੀ ਸ਼ੁਰੂਆਤ ਕੀਤੀ ਸੀ।

---------------------------------------------------

- ਭਾਰਤ ਅਤੇ ਬੈਲਜੀਅਮ ਨੇ ਅੱਜ ਵਪਾਰ, ਨਿਵੇਸ਼ ਅਤੇ ਆਰਥਿਕ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਆਪਣੀ ਵਚਨਬੱਧਤਾ ਦੁਹਰਾਈ ।
- ਰਖਿਆ ਮੰਤਰੀ ਰਾਜਨਾਥ ਸਿੰਘ ਨੇ ਰੱਖਿਆ ਕੂਟਨੀਤੀ 'ਤੇ ‘ਰਕਸ਼ਾ’ ਦਸਤਾਵੇਜ਼, ਜਾਰੀ ਕੀਤਾ.
- ਸੜ੍ਹਕ ਆਵਾਜਾਈ ਅਤੇ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੇ ਕਿਹੈ ਕਿ ਭਾਰਤ ਵਿੱਚ ਵਿਸ਼ਵ ਦੀ ਨੰਬਰ ਇੱਕ ਆਟੋਮੋਬਾਈਲ ਸਨਅਤ ਬਣਨ ਦੀ ਸਮਰੱਥਾ ਏ ।

- ਸੁਪਰੀਮ ਕੋਰਟ ਨੇ ਕਿਹਾ ਏ ਕਿ ਬਾਰ ਕੌਂਸਲ ਆਫ਼ ਇੰਡੀਆ ਕੋਲ ਲਾਅ ਦੇ ਵਿਦਿਆਰਥੀਆਂ ਦੇ ਆਚਰਣ ਨੂੰ ਨੇਮਬਧ ਕਰਨ ਦੀ ਕੋਈ ਕਾਨੂੰਨੀ ਸ਼ਕਤੀ ਨਹੀਂ ਏ ।
- ਔਰਤਾਂ ਦੇ ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ twenty-twenty ਏਸ਼ੀਆ ਕੱਪ ਦੇ ਆਪਣੇ ਦੂਜੇ ਗਰੁੱਪ-'ਏ' ਮੈਚ ਵਿੱਚ, ਹਾਂਗਕਾਂਗ ਨਾਲ .

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ , ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸਵੇਰੇ ਸਾਢੇ 8 ਵਜੇ ਹੋਏਗਾ .

ਨਮਸ੍ਕਾਰ |